# Press Release on Prime Minister’s meeting with Chancellor of the Federal Republic of Germany

May 02, 2022

# ਫੈਡਰਲ ਰਿਪਬਲਿਕ ਆਵ੍ ਜਰਮਨੀ ਦੇ ਚਾਂਸਲਰ ਨਾਲ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਮਹੱਤਵਪੂਰਨ ਮੁਲਾਕਾਤ

2 ਮਈ, 2022

ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਨੇ ਅੱਜ ਫੈਡਰਲ ਰਿਪਬਲਿਕ ਆਵ੍ ਜਰਮਨੀ ਦੇ ਚਾਂਸਲਰ ਮਹਾਮਹਿਮ ਸ਼੍ਰੀ ਓਲਾਫ ਸ਼ਕੋਲਜ਼ ਨਾਲ ਦੁਵੱਲੀ ਮੀਟਿੰਗ ਕੀਤੀ। ਇਹ ਮੀਟਿੰਗ ਭਾਰਤ ਅਤੇ ਜਰਮਨੀ ਦੇ ਦਰਮਿਆਨ ਦੋ-ਸਾਲਾ ਇੰਟਰ-ਗਵਰਨਮੈਂਟਲ ਕੰਸਲਟੇਸ਼ਨਸ (ਆਈਜੀਸੀ) ਦੇ ਛੇਵੇਂ ਦੌਰ ਤੋਂ ਪਹਿਲਾਂ ਆਯੋਜਿਤ ਕੀਤੀ ਹੋਈ।

ਪ੍ਰਧਾਨ ਮੰਤਰੀ ਮੋਦੀ ਨੂੰ ਰਸਮੀ ਗਾਰਡ ਆਵ੍ ਆਨਰ ਦਿੱਤਾ ਗਿਆ ਅਤੇ ਚਾਂਸਲਰ ਸ਼ਕੋਲਜ਼ ਨੇ ਫੈਡਰਲ ਚਾਂਸਲਰ ਦਫ਼ਤਰ ਵਿਖੇ ਪ੍ਰਧਾਨ ਮੰਤਰੀ ਮੋਦੀ ਦਾ ਸੁਆਗਤ ਕੀਤਾ। ਇਸ ਤੋਂ ਬਾਅਦ ਦੋਵਾਂ ਸਿਆਸਤਦਾਨਾਂ ਦੀ ਆਹਮੋ-ਸਾਹਮਣੇ ਮੀਟਿੰਗ ਹੋਈ, ਜਿਸ ਤੋਂ ਬਾਅਦ ਵਫ਼ਦ ਪੱਧਰੀ ਗੱਲਬਾਤ ਹੋਈ।

ਇਨ੍ਹਾਂ ਵਿਚਾਰ-ਵਟਾਂਦਰਿਆਂ ਵਿੱਚ ਸਮੁੱਚੀ ਰਣਨੀਤਕ ਭਾਈਵਾਲੀ ਦੇ ਨਾਲ-ਨਾਲ ਖੇਤਰੀ ਅਤੇ ਆਲਮੀ ਵਿਕਾਸ ਦੇ ਮੱਦੇਨਜ਼ਰ ਦੁਵੱਲੇ ਸਹਿਯੋਗ ਦੇ ਮੁੱਖ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ।

ਬਰਲਿਨ

2 ਮਈ, 2022

DISCLAIMER: This is an approximate translation. The original is available in English on MEA’s website and may be referred to as the official press release.